# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :18-01-2026**

ਕੇਂਦਰ ਸਰਕਾਰ ਪੰਜਾਬ ਵਿੱਚ ਸਰਹੱਦੀ ਸੁਰੱਖਿਆ ਵਾੜ ਨੂੰ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਤਬਦੀਲ ਕਰਨ ਲਈ ਸਹਿਮਤ ਹੋ ਗਈ ਏ। ਇਸ ਕਦਮ ਨਾਲ ਵਾੜ ਤੋਂ ਬਾਹਰ ਸਥਿਤ ਹਜ਼ਾਰਾਂ ਏਕੜ ਖੇਤੀਬਾੜੀ ਜ਼ਮੀਨ 'ਤੇ ਖੇਤੀ ਕਰਨ ਦਾ ਰਾਹ ਪੱਧਰਾ ਹੋਵੇਗਾ ਅਤੇ ਪੰਜਾਬ ਦੇ ਸਰਹੱਦੀ ਇਲਾਕਿਆਂ ਦੇ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ। ਪੰਜਾਬ ਦੀ ਪਾਕਿਸਤਾਨ ਨਾਲ 532 ਕਿਲੋਮੀਟਰ ਦੀ ਸਰਹੱਦ ਲੱਗਦੀ ਏ। ਮੌਜੂਦਾ ਸਮੇਂ ਵਿੱਚ, ਸਰਹੱਦ ਦੇ ਨਾਲ ਹਜ਼ਾਰਾਂ ਏਕੜ ਜ਼ਮੀਨ 'ਤੇ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਸੁਰੱਖਿਆ ਕਾਰਨਾਂ ਕਰ ਕੇ, ਸੀਮਾ ਸੁਰੱਖਿਆ ਬਲ ਦੀ ਸਖ਼ਤ ਨਿਗਰਾਨੀ ਹੇਠ ਸੀਮਤ ਸਮੇਂ ਲਈ ਵਾੜ ਪਾਰ ਕਰਨੀ ਪੈਂਦੀ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਬਾਰੇ ਕਿਹਾ ਕਿ ਇਸ ਮਸਲੇ ਬਾਰੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਵਾੜ ਨੂੰ ਸਰਹੱਦ ਵੱਲ ਤਬਦੀਲ ਕਰਨ ਦੀ ਸੰਭਾਵਨਾ 'ਤੇ ਵਿਚਾਰ ਕੀਤਾ ਜਾ ਰਿਹਾ ਏ। ਯਾਦ ਰਹੇ ਇਸ ਮੁੱਦੇ 'ਤੇ

ਚਰਚਾ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ੍ਹ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ ਸੀ।

---------------------------------------------------------------------------------

ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਪ੍ਰਧਾਨਗੀ ਹੇਠ ਕੱਲ੍ਹ ਪੰਜਾਬ ਸਿਵਲ ਸਕੱਤਰੇਤ ਵਿਚ ਉੱਚ ਪੱਧਰੀ ਜਾਇਜਾ ਮੀਟਿੰਗ ਹੋਈ। ਇਸ ਮੀਟਿੰਗ ਵਿਚ ਪੰਜਾਬ ਵਿੱਚ ਪੋਟਾਸ਼ ਭੰਡਾਰ ਵਾਲੇ ਮੁੱਖ ਸੰਭਾਵੀ ਖੇਤਰਾਂ ਵਿੱਚ ਖੋਜ ਲਈ ਸਮਾਂ-ਹੱਦਾਂ ਤੈਅ ਕਰਨ ਤੋਂ ਇਲਾਵਾ ਇਸ ਸਬੰਧੀ ਚੱਲ ਰਹੇ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਵਿਚ ਮੰਤਰੀ ਨੂੰ ਦੱਸਿਆ ਗਿਆ ਕਿ ਕਬਰਵਾਲਾ ਬਲਾਕ ਤੇ ਸ਼ੇਰਗੜ੍ਹ-ਦਲਮੀਰਖੇੜਾ ਬਲਾਕ ਵਿੱਚ ਜੀ-4 ਪੜਾਅ ਦੀ ਖੋਜ ਪੂਰੀ ਹੋ ਚੁੱਕੀ ਏ ਅਤੇ ਇਸ ਸਬੰਧੀ ਭੂ-ਵਿਗਿਆਨਕ ਮੈਮੋਰੰਡਮ ਸੂਬਾ ਸਰਕਾਰ ਨੂੰ ਸੌਂਪੇ ਜਾ ਚੁੱਕੇ ਨੇ। ਸੂਬੇ ਦੀ ਸਹਿਮਤੀ ਤੋਂ ਬਾਅਦ ਸ਼ੇਰਗੜ੍ਹ-ਸ਼ੇਰਾਵਾਲਾ-ਰਾਮਸਰਾ- ਦਲਮੀਰਖੇੜਾ ਦਾ ਸਾਂਝਾ ਬਲਾਕ ਖਣਨ ਮੰਤਰਾਲੇ ਵੱਲੋਂ ਛੇਵੇਂ ਪੜਾਅ ਵਿੱਚ ਕੰਪੋਜ਼ਿਟ ਲਾਇਸੈਂਸ ਦੀ ਨਿਲਾਮੀ ਲਈ ਰੱਖਿਆ ਗਿਆ ਏ ਜਿਸ ਦੇ ਨਤੀਜਿਆਂ ਦੀ ਹਾਲੇ ਉਡੀਕ ਏ। ਅਧਿਕਾਰੀਆਂ ਨੇ ਮੰਤਰੀ ਨੂੰ ਦੱਸਿਆ ਕਿ ਕਈ ਥਾਵਾਂ ’ਤੇ ਕੰਮ ਪੂਰਾ ਹੋ ਗਿਆ ਏ ਅਤੇ ਰਸਾਇਣਕ ਵਿਸ਼ਲੇਸ਼ਣ ਤੋਂ

ਬਾਅਦ ਅੰਤਿਮ ਰਿਪੋਰਟਾਂ ਅਪ੍ਰੈਲ ਤੱਕ ਆਉਣ ਦੀ ਉਮੀਦ ਹੈ।

---

ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਇੱਕ ਭਗੌੜੇ ਗੈਂਗਸਟਰ ਨਾਲ ਜੁੜੇ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ਅਤੇ 3 ਹਫ਼ਤਿਆਂ ਦੇ ਆਪ੍ਰੇਸ਼ਨ ਵਿੱਚ 10 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਨ੍ਹਾਂ ਦੇ ਕਬਜ਼ੇ ਵਿੱਚੋਂ 12 ਆਧੁਨਿਕ ਹਥਿਆਰ ਬਰਾਮਦ ਕੀਤੇ ਗਏ ਨੇ। ਪੁਲਿਸ ਸੂਤਰਾਂ ਦਾ ਕਹਿਣਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਕਾਰਕੁੰਨ ਪੰਜਾਬ ਵਿੱਚ ਅਰਾਜਕਤਾ ਪੈਦਾ ਕਰਨ ਲਈ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ, ਜਬਰਦਸਤੀ ਵਸੂਲੀ ਅਤੇ ਯੋਜਨਾਬੱਧ ਕਤਲਾਂ ਵਿੱਚ ਸ਼ਾਮਲ ਨੇ। ਇਸ ਸਬੰਧ ਵਿਚ ਮਾਮਲਾ ਦਰਜ ਕਰ ਲਿਆ ਗਿਆ ਏ ਅਤੇ ਬਾਕੀ ਮੁਲਜ਼ਮਾਂ ਨੂੰ ਫੜਨ ਲਈ ਤਫ਼ਤੀਸ਼ ਜਾਰੀ ਏ।

---

ਪੱਛਮੀ ਕਮਾਂਡ ਦੇ ਚੰਡੀਮੰਦਰ ਕਮਾਂਡ ਹਸਪਤਾਲ ਨੂੰ ਫੌਜ ਦਿਵਸ ਸਮਾਰੋਹ ਵਿੱਚ ਫੌਜ ਸਿਹਤ ਸੰਭਾਲ ਵਿੱਚ ਇਸ ਦੀ ਮਿਸਾਲੀ ਪੇਸ਼ੇਵਾਰਾਨਾ ਮੁਹਾਰਤ ਤੇ ਸਮਰਪਣ ਲਈ ਵੱਕਾਰੀ ਚੀਫ਼ ਆਫ਼ ਦ

ਆਰਮੀ ਸਟਾਫ, ਯੂਨਿਟ ਸਰਟੀਫਿਕੇਟ ਆਫ਼ ਐਪਰੀਸੀਏਸ਼ਨ (COAS) ਨਾਲ ਸਨਮਾਨਿਤ ਕੀਤਾ ਗਿਆ ਏ। ਇਸ ਹਸਪਤਾਲ ਨੇ 2024-25 ਲਈ ਹਥਿਆਰਬੰਦ ਸੈਨਾ ਹਸਪਤਾਲਾਂ ਦੇ ਰੱਖਿਆ ਮੰਤਰੀ ਟਰਾਫੀ ਮੁਲਾਂਕਣ ਵਿੱਚ ਹੁਣੇ ਜਿਹਾ ਦੂਜਾ ਸਥਾਨ ਪ੍ਰਾਪਤ ਕੀਤਾ ਸੀ ਤੇ ਇਸ ਤੋਂ ਬਾਅਦ ਇਹ ਪ੍ਰਸ਼ੰਸ਼ਾ ਮਿਲੀ ਏ, ਜੋ ਕਿ ਇਸ ਹਸਪਤਾਲ ਦੇ ਕਲੀਨਿਕਲ ਪ੍ਰਬੰਧ ਅਤੇ ਪੇਸ਼ੇਵਰ ਯੋਗਤਾ ਦੇ ਉੱਚੇ ਮਿਆਰਾਂ ਦੀ ਨਿਰੰਤਰ ਪਾਲਣਾ ਦੀ ਪੁਸ਼ਟੀ ਕਰਦੀ ਏ।

--------------------------------------------------------------------------------

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕੱਲ੍ਹ ਮਾਲੇਰਕੋਟਲਾ ਸਥਿਤ ਨਾਮਧਾਰੀ ਸ਼ਹੀਦੀ ਯਾਦਗਾਰ ਵਿੱਚ, 66 ਨਾਮਧਾਰੀ ਸ਼ਹੀਦਾਂ ਦੀ ਯਾਦ ਵਿੱਚ ਕਰਵਾਏ ਗਏ ਸੂਬਾ ਪੱਧਰੀ ਸ਼ਹੀਦੀ ਸਮਾਗਮ ਵਿਚ ਸ਼ਮੂਲੀਅਤ ਕੀਤੀ। ਆਪਣੇ ਸੰਬੋਧਨ ਵਿਚ ਉਨ੍ਹਾਂ ਕਿਹਾ ਕਿ 66 ਨਾਮਧਾਰੀ ਸ਼ਹੀਦ ਸਿੰਘਾਂ ਦੀ ਕੁਰਬਾਨੀ, ਸਿਰਫ਼ ਇੱਕ ਧਾਰਮਿਕ ਸੰਪਰਦਾ ਦੀ ਨਹੀਂ, ਸਗੋਂ ਪੂਰੇ ਦੇਸ਼ ਦੀ ਆਜ਼ਾਦੀ ਦੀ ਲੜਾਈ ਦੀ ਬੁਨਿਆਦ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਇਤਿਹਾਸ ਗਵਾਹ ਏ ਕਿ ਅੰਗਰੇਜ਼ ਹਕੂਮਤ ਦੇ ਖ਼ਿਲਾਫ਼ ਲੋਕਾਂ ਵਿੱਚ

ਜਾਗਰੂਕਤਾ ਦੀ ਚਿਣਗ, ਮਾਲੇਰਕੋਟਲਾ ਦੀ ਇਸੇ ਪਵਿੱਤਰ ਧਰਤੀ ਤੋਂ ਉੱਠੀ ਸੀ।

---------------------------------------------------------------------------

ਜ਼ਿਲ੍ਹਾ ਕਚਿਹਰੀਆਂ ਤਰਨਤਾਰਨ ਵਿਚ ਬਣਨ ਵਾਲੇ 3 ਮੰਜ਼ਿਲਾ ਏ.ਡੀ.ਆਰ. ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ ਏ। ਏ.ਡੀ.ਆਰ ਸੈਂਟਰ ਦਾ ਨੀਂਹ-ਪੱਥਰ ਰੱਖਣ ਮੌਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਵਰਚੂਅਲੀ ਤੌਰ 'ਤੇ ਜਸਟਿਸ ਅਨੁਪਿੰਦਰ ਸਿੰਘ ਗਰੇਵਾਲ ਸਮਾਗਮ ਵਿੱਚ ਸ਼ਾਮਲ ਹੋਏ। ਜਸਟਿਸ ਗਰੇਵਾਲ ਨੇ ਕਿਹਾ ਕਿ ਇਹ ਏ.ਡੀ.ਆਰ ਸੈਂਟਰ ਦੇ ਬਣਨ ਨਾਲ ਜ਼ਿਲ੍ਹੇ ਦੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ, ਸਮਝੌਤਾ ਸਦਨ, ਜੁਵੇਨਾਈਲ ਜਸਟਿਸ ਬੋਰਡ ਅਤੇ ਸਥਾਈ ਲੋਕ ਅਦਾਲਤ ਦੀਆਂ ਸੇਵਾਵਾਂ ਇੱਕੋ ਛੱਤ ਹੇਠ ਮਿਲ ਸਕਣਗੀਆਂ।

---------------------------------------------------------------------------

ਭਾਰਤ ਨੇ ਜ਼ਿੰਬਾਬਵੇ ਦੇ ਬੁਲਾਵਾਯੋ ਵਿੱਚ ਅੰਡਰ-19 ਕ੍ਰਿਕਟ ਵਿਸ਼ਵ ਕੱਪ ਦੇ ਦੂਜੇ ਗਰੁੱਪ-ਏ ਮੈਚ ਵਿੱਚ ਬੰਗਲਾਦੇਸ਼ ਨੂੰ 18 ਦੌੜਾਂ ਨਾਲ ਹਰਾਇਆ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਭਾਰਤ 48.4 ਓਵਰਾਂ ਵਿੱਚ 238 ਦੌੜਾਂ 'ਤੇ ਆਲ ਆਊਟ ਹੋ ਗਿਆ। ਮੀਂਹ ਕਾਰਨ ਮੈਚ ਨੂੰ 49 ਓਵਰਾਂ ਦਾ ਕਰ ਦਿੱਤਾ ਗਿਆ। ਫਿਰ ਬੰਗਲਾਦੇਸ਼ ਨੂੰ 29 ਓਵਰਾਂ

ਵਿੱਚ 165 ਦੌੜਾਂ ਦਾ ਸੋਧਿਆ ਹੋਇਆ ਟੀਚਾ ਦਿੱਤਾ ਗਿਆ। ਟੀਚੇ ਦਾ ਪਿੱਛਾ ਕਰਦੇ ਹੋਏ, ਬੰਗਲਾਦੇਸ਼ 28 ਓਵਰਾਂ ਅਤੇ ਤਿੰਨ ਗੇਂਦਾਂ ਵਿੱਚ 146 ਦੌੜਾਂ 'ਤੇ ਆਲਆਊਟ ਹੋ ਗਿਆ।